ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

19:30

ਮਿਤੀ : 23-11-2026

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਂਦਰ ਸ਼ਾਹ ਵਿਚਕਾਰ ਅੱਜ ਨਵੀਂ ਦਿੱਲੀ 'ਚ ਗੱਲਬਾਤ ਤੋਂ ਬਾਅਦ, ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ, ਅੱਠ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਿੱਖ ਰਵਾਇਤ, ਹਮੇਸ਼ਾ ਹੀ ਦੇਸ਼ ਅਤੇ ਇਸ ਦੇ ਸੱਭਿਆਚਾਰ ਲਈ, ਸਭ ਕੁਝ ਕੁਰਬਾਨ ਕਰ ਦੇਣ ਦੀ ਭਾਵਨਾ ਦੀ ਪ੍ਰਤੀਕ ਰਹੀ ਏ।

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਦੇਸ਼ ਵਿੱਚ 50 ਕਰੋੜ ਲੋਕਾਂ ਨੂੰ

ਅੱਤ ਦੀ ਗਰੀਬੀ ਵਿੱਚੋਂ ਬਾਹਰ ਕੱਢਣ ਵਿੱਚ, ਖੇਤੀਬਾੜੀ ਖੇਤਰ ਨੇ ਅਹਿਮ ਭੂਮਿਕਾ ਨਿਭਾਈ ਏ।

- ਵਿਸ਼ਵ ਸਿਹਤ ਸੰਗਠਨ (WHO) ਨੇ ਕੁੜੀਆਂ ਨੂੰ HPV ਵੈਕਸੀਨ ਦੀਆਂ ਇੱਕ ਕਰੋੜ ਤੋਂ ਵੱਧ ਖੁਰਾਕਾਂ ਦੇਣ 'ਤੇ ਭਾਰਤ ਨੂੰ ਵਧਾਈ ਦਿੱਤੀ ਏ।

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪਹਿਲਾ ਕ੍ਰਿਕੇਟ ਟੈਸਟ ਮੈਚ Draw ਰਿਹਾ।

ਹੁਣ ਖਬਰਾਂ ਵਿਸਥਾਰ ਨਾਲ

ਭਾਰਤ ਅਤੇ ਨੇਪਾਲ ਨੇ ਅੱਜ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ ਅੱਠ ਸਮਝੌਤਿਆਂ 'ਤੇ ਦਸਤਖਤ ਕੀਤੇ। ਇਨ੍ਹਾਂ ਵਿੱਚ ਸਿਹਤ, ਰਵਾਇਤੀ ਦਵਾਈਆਂ, ਉਪਗ੍ਰਹਿ ਸੰਚਾਰ ਨੈੱਟਵਰਕਾਂ ਦੀ ਸਥਾਪਨਾ, ਸਮਰੱਥਾ-ਨਿਰਮਾਣ ਸਿਖਲਾਈ ਪ੍ਰੋਗਰਾਮ, ਟਿਕਾਊ ਸ਼ਹਿਰੀ ਵਿਕਾਸ, ਸਿੱਖਿਆ ਅਤੇ ਖੋਜ, ਦੇ ਨਾਲ-ਨਾਲ ਪਸ਼ੂ ਪਾਲਣ ਅਤੇ ਮੱਛੀ ਪਾਲਣ ਦੇ ਵਿਕਾਸ ਵਰਗੇ ਖੇਤਰ ਸ਼ਾਮਲ ਨੇ। ਇਨ੍ਹਾਂ ਸਮਝੌਤਿਆਂ 'ਤੇ ਨਵੀਂ ਦਿੱਲੀ ਵਿੱਚ ਪ੍ਰਧਾਨ

ਮੰਤਰੀ ਨਰੇਂਦਰ ਮੋਦੀ ਅਤੇ ਨੇਪਾਲ ਦੇ ਪ੍ਰਧਾਨ ਮੰਤਰੀ, ਬਾਲੇਂਦਰ ਸ਼ਾਹ ਵਿਚਕਾਰ ਹੋਈ ਗੱਲਬਾਤ ਤੋਂ ਬਾਅਦ, ਦਸਤਖ਼ਤ ਕੀਤੇ ਗਏ।

ਦੋਵਾਂ ਆਗੂਆਂ ਨੇ ਦੁਵੱਲੇ ਸਹਿਯੋਗ ਨੂੰ ਹੋਰ ਤੇਜ਼ ਕਰਨ ਲਈ, ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਵੇਰਵੇ ਸਹਿਤ ਚਰਚਾ ਕੀਤੀ। ਚਰਚਾ, ਮੁੱਖ ਤੌਰ 'ਤੇ ਵਪਾਰ, ਨਿਵੇਸ਼, ਬੁਨਿਆਦੀ ਢਾਂਚੇ, ਵਿਕਾਸ ਭਾਈਵਾਲੀ, ਸੰਪਰਕ, ਸਰਹੱਦੀ ਪ੍ਰਬੰਧਨ, ਸਿੱਖਿਆ, ਸੱਭਿਆਚਾਰ ਅਤੇ ਲੋਕਾਂ ਵਿਚਕਾਰ ਆਪਸੀ ਆਦਾਨ-ਪ੍ਰਦਾਨ ਵਰਗੇ ਖੇਤਰਾਂ 'ਤੇ ਕੇਂਦਰਿਤ ਰਹੀ। ਇਸ ਤੋਂ ਇਲਾਵਾ, ਜਲਵਾਯੂ ਤਬਦੀਲੀ ਨਾਲ ਨਿੱਪਟਣ ਦੀ ਸਮਰੱਥਾ, ਆਫ਼ਤ ਪ੍ਰਬੰਧਨ, ਖੇਡਾਂ, ਸਟਾਰਟਅੱਪਸ, ਡਿਜੀਟਲ ਸੇਵਾਵਾਂ, ਪੁਲਾੜ ਅਤੇ ਨਵੀਨਤਾ ਵਰਗੇ ਖੇਤਰਾਂ ਵਿੱਚ ਨਵੇਂ ਰਾਹ ਲੱਭਣ 'ਤੇ ਵੀ ਵਿਚਾਰ ਕੀਤਾ ਗਿਆ।

ਸ੍ਰੀ ਮੋਦੀ ਨੇ ਕਿਹਾ ਕਿ ਭਾਰਤ-ਨੇਪਾਲ ਸਬੰਧਾਂ ਦੀਆਂ ਜੜ੍ਹਾਂ ਸਾਂਝੇ ਇਤਿਹਾਸ, ਵਿਸ਼ਵਾਸ, ਸੱਭਿਆਚਾਰ ਅਤੇ ਲੋਕਾਂ ਵਿਚਕਾਰ, ਡੂੰਘੇ ਸਬੰਧਾਂ ਵਿੱਚ ਨੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ, ਇਹ ਰਿਸ਼ਤਾ ਸਿਰਫ਼ ਗੁਆਂਢੀ ਦੇਸ਼ਾਂ ਵਿਚਕਾਰ ਹੀ ਨਹੀਂ, ਸਗੋਂ ਇਹ ਡੂੰਘੀ ਨੇੜਤਾ ਅਤੇ ਅਟੱਲ ਭਰੋਸੇ 'ਤੇ ਆਧਾਰਿਤ ਏ। ਸ੍ਰੀ ਮੋਦੀ ਨੇ ਕਿਹਾ ਕਿ ਦੋਵੇਂ ਦੇਸ਼ ਇੱਕ-ਦੂਜੇ ਦੀ ਤਰੱਕੀ ਵਿੱਚ ਭਾਈਵਾਲ ਨੇ ਅਤੇ ਔਖੇ ਸਮੇਂ ਦੌਰਾਨ, ਇੱਕ-ਦੂਜੇ ਲਈ ਸਹਾਰੇ ਦਾ ਕੰਮ ਕਰਦੇ ਨੇ। ਉਨ੍ਹਾਂ ਨੇ ਇਸ ਅਗਸਤ ਵਿੱਚ ਨੇਪਾਲ ਵਿੱਚ, ਆਏ ਭਿਆਨਕ ਹੜ੍ਹਾਂ ਕਾਰਨ ਹੋਏ ਜਾਨੀ ਅਤੇ ਮਾਲੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ। ਪ੍ਰਧਾਨ ਮੰਤਰੀ ਨੇ ਨੇਪਾਲ ਦੇ ਮੁੜ-ਨਿਰਮਾਣ ਅਤੇ ਲੰਬੇ

ਸਮੇਂ ਦੇ ਵਿਕਾਸ ਨੂੰ ਨਵੀਂ ਗਤੀ ਪ੍ਰਦਾਨ ਕਰਨ ਲਈ 24 ਅਰਬ ਨੇਪਾਲੀ ਰੁਪਇਆਂ ਦੇ ਵਿਕਾਸ ਸਹਾਇਤਾ ਪੈਕੇਜ ਦਾ ਐਲਾਨ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਕਈ ਸਾਲਾਂ ਤੋਂ ਨੇਪਾਲ ਨੂੰ ਪੈਟਰੋਲੀਅਮ ਉਤਪਾਦਾਂ ਅਤੇ ਹੋਰ ਜ਼ਰੂਰੀ ਵਸਤਾਂ ਦੀ ਭਰੋਸੇਯੋਗ ਸਪਲਾਈ ਕਰਦਾ ਆ ਰਿਹਾ ਏ।

BYTE: PM ON PETROLEUM

ਨੇਪਾਲ ਦੇ ਪ੍ਰਧਾਨ ਮੰਤਰੀ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਦੋਵਾਂ ਦੇਸ਼ਾਂ ਵਿਚਕਾਰ ਇੱਕ ਭਰੋਸੇਯੋਗ ਭਾਈਵਾਲੀ ਏ ਅਤੇ ਇਹ ਭਰੋਸਾ ਹਿਮਾਲਿਆ ਜਿੰਨਾ ਉੱਚਾ ਏ। ਉਨ੍ਹਾਂ ਕਿਹਾ ਕਿ ਸੰਕਟ ਦੇ ਸਮੇਂ, ਭਾਰਤ ਨੇ ਸਭ ਤੋਂ ਪਹਿਲਾਂ ਸਹਾਇਤਾ ਪ੍ਰਦਾਨ ਕੀਤੀ। ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚਕਾਰ ਹਵਾਈ ਸੰਪਰਕ ਨੂੰ ਹੋਰ ਬਿਹਤਰ ਬਣਾਉਣ 'ਤੇ ਵੀ ਜ਼ੋਰ ਦਿੱਤਾ।

ਭਾਰਤ ਦੇ ਅਯੁੱਧਿਆ ਤੇ ਨੇਪਾਲ 'ਚ ਜਨਕਪੁਰ ਵਿਚਕਾਰ ਚੱਲਣ ਵਾਲੀ 'Saryu-Kamla' ਐਕਸਪ੍ਰੈਸ ਰੇਲ ਗੱਡੀ ਨੂੰ ਸਾਂਝੇ ਤੌਰ 'ਤੇ ਝੰਡੀ ਦਿਖਾ ਕੇ ਰਵਾਨਾ ਕੀਤਾ।

ਨੇਪਾਲ ਦੇ ਪ੍ਰਧਾਨ ਮੰਤਰੀ, ਬਾਲੇਂਦਰ ਸ਼ਾਹ ਨੇ ਅੱਜ ਰਾਸ਼ਟਰਪਤੀ ਭਵਨ ਵਿੱਚ, ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨਾਲ ਮੁਲਾਕਾਤ ਕੀਤੀ।

ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ, ਭਾਰਤ ਅਤੇ ਨੇਪਾਲ ਵਿਚਕਾਰ ਵਿਲੱਖਣ ਅਤੇ ਬਹੁਪੱਖੀ ਸਬੰਧਾਂ ਦੀ ਮਜ਼ਬੂਤ ਨੀਂਹ ਸਾਂਝੀ ਸੱਭਿਅਤਾਗਤ

ਵਿਰਾਸਤ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਵਿਚਕਾਰ ਡੂੰਘੇ ਤੇ ਨਜ਼ਦੀਕੀ ਸਬੰਧਾਂ 'ਤੇ ਟਿਕੀ ਹੋਈ ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਿੱਖ ਰਵਾਇਤ, ਹਮੇਸ਼ਾ ਹੀ ਦੇਸ਼ ਅਤੇ ਇਸ ਦੇ ਸੱਭਿਆਚਾਰ ਲਈ ਸਭ ਕੁਝ ਕੁਰਬਾਨ ਕਰ ਦੇਣ ਦੀ ਭਾਵਨਾ ਦੀ ਪ੍ਰਤੀਕ ਰਹੀ ਏ। ਪ੍ਰਧਾਨ ਮੰਤਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ, ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਦੀ ਰਿਹਾਇਸ਼ 'ਲੋਕ ਨਿਵਾਸ' ਵਿਖੇ 'ਸ਼ਬਦ ਕੀਰਤਨ' ਵਿੱਚ ਸ਼ਾਮਲ ਹੋਣ ਮੌਕੇ ਕਹੀ। ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦਾ ਹਵਾਲਾ ਦਿੰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ, ਉਨ੍ਹਾਂ ਦੇ ਜੀਵਨ ਦਾ ਅਨਿੱਖੜਵਾਂ ਅੰਗ ਰਹੇ ਨੇ।

BYTE: PM ON GURU NANAK DEV JI

ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਦੇ ਇਤਿਹਾਸ ਦੇ ਸਭ ਤੋਂ ਔਖੇ ਦੌਰ ਦੌਰਾਨ, ਸਿੱਖ ਗੁਰੂਆਂ ਨੇ ਰਾਸ਼ਟਰੀ ਸੁਰੱਖਿਆ ਅਤੇ ਸੱਭਿਆਚਾਰਕ ਪਛਾਣ ਦੀ ਜੋਤ ਨੂੰ ਜਗਦਾ ਰੱਖਿਆ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਸਾਲ ਦਾ ਪ੍ਰਕਾਸ਼ ਪੁਰਬ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲ ਪੂਰੇ ਹੋਣ ਮੌਕੇ ਵਿਸ਼ੇਸ਼ ਮਹੱਤਵ ਰੱਖਦਾ ਏ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਨੇ ਕੌਮ ਦੀ ਪਛਾਣ,

ਧਰਮ, ਅਤੇ ਕਦਰਾਂ-ਕੀਮਤਾਂ ਦੀ ਰਾਖੀ ਲਈ ਦਿੱਲੀ ਦੀ ਧਰਤੀ 'ਤੇ ਆਪਣਾ ਜੀਵਨ ਕੁਰਬਾਨ ਕਰ ਦਿੱਤਾ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ, ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿ ਰਹੇ ਭਾਰਤੀਆਂ ਨੂੰ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤਾ ਗਿਆ 'Ek Onkar' ਦਾ ਸੰਦੇਸ਼, ਸਮੁੱਚੀ ਮਨੁੱਖਤਾ ਲਈ ਏਕਤਾ ਦਾ ਸੰਦੇਸ਼ ਏ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੁਰੂ ਨਾਨਕ ਦੇਵ ਜੀ ਨੇ ਅਜਿਹਾ ਸਮਾਜ ਸਿਰਜਣ ਦੀ ਲੋੜ 'ਤੇ ਬਲ ਦਿੱਤਾ, ਜੋ ਜਾਤ-ਪਾਤ, ਸਮਾਜਿਕ ਊਚ-ਨੀਚ ਅਤੇ ਵਿਤਕਰੇ ਤੋਂ ਮੁਕਤ ਹੋਵੇ।

ਰਾਸ਼ਟਰਪਤੀ ਨੇ ਕਿਹਾ ਕਿ 'ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ' ਦੇ ਸਿਧਾਂਤ, ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਵਿੱਚ ਇੱਕ ਵਿਸ਼ੇਸ਼ ਸਥਾਨ ਰੱਖਦੇ ਨੇ।

ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਓਮਰ ਅਬਦੁੱਲਾ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੂਰਬ ਮੌਕੇ, ਸਿੱਖ ਭਾਈਚਾਰੇ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਮੁੱਖ ਮੰਤਰੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀਆਂ ਦਇਆ, ਸਮਾਨਤਾ, ਏਕਤਾ ਅਤੇ ਨਿਰਸਵਾਰਥ ਸੇਵਾ 'ਤੇ

ਕੇਂਦਰਿਤ ਸਦੀਵੀ ਸਿੱਖਿਆਵਾਂ, ਮਨੁੱਖਤਾ ਨੂੰ ਪ੍ਰੇਰਿਤ ਕਰਦੀਆਂ ਰਹਿਣਗੀਆਂ।

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਸਰਕਾਰ ਦੇ ਯਤਨਾਂ ਨਾਲ ਦੇਸ਼ ਵਿੱਚ 50 ਕਰੋੜ ਲੋਕਾਂ ਨੂੰ ਅੱਤ ਦੀ ਗਰੀਬੀ ਵਿੱਚੋਂ ਬਾਹਰ ਕੱਢਣ ਵਿੱਚ ਸਫਲਤਾ ਮਿਲੀ ਏ। ਭਾਰਤ ਵਿੱਚ ਗਰੀਬੀ ਘਟਾਉਣ ਵਿੱਚ ਖੇਤੀਬਾੜੀ ਦੀ ਭੂਮਿਕਾ ਅਤੇ ਯੋਗਦਾਨ ਬਾਰੇ ਇੱਕ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਵਿੱਚ ਖੇਤੀਬਾੜੀ ਖੇਤਰ ਨੇ ਅਹਿਮ ਭੂਮਿਕਾ ਨਿਭਾਈ ਏ।

ਸ੍ਰੀ ਚੌਹਾਨ ਨੇ ਵਿਸ਼ਵ ਬੈਂਕ ਦੀ ਇੱਕ ਹਾਲੀਆ ਰਿਪੋਰਟ ਦਾ ਵੀ ਜ਼ਿਕਰ ਕੀਤਾ, ਜਿਸ ਨੇ ਦੇਸ਼ ਵਿੱਚ ਗਰੀਬੀ ਘਟਣ ਦੀ ਤੇਜ਼ ਰਫ਼ਤਾਰ ਨੂੰ ਸਵੀਕਾਰ ਕੀਤਾ ਏ।

BYTE: SHIVRAJ SINGH

ਉਨ੍ਹਾਂ ਨੇ ਖੇਤੀਬਾੜੀ ਅਧਿਕਾਰੀਆਂ, ਖੋਜਕਰਤਾਵਾਂ ਅਤੇ ਹੋਰ ਸਬੰਧਤ ਧਿਰਾਂ ਨੂੰ ਇਸ ਦਿਸ਼ਾ ਵਿੱਚ ਪਾਏ ਗਏ ਯੋਗਦਾਨ ਲਈ ਵਧਾਈ ਦਿੱਤੀ।

ਮੰਤਰੀ ਨੇ ਕਿਹਾ ਕਿ ਖੇਤੀਬਾੜੀ ਖੇਤਰ ਨੇ ਦਿਹਾਤੀ ਲੋਕਾਂ ਦੀ ਰੋਜ਼ੀ-ਰੋਟੀ ਨੂੰ ਬਿਹਤਰ ਬਣਾਉਣ, ਰੁਜ਼ਗਾਰ ਦੇ ਮੌਕਿਆਂ ਦਾ ਵਿਸਥਾਰ ਕਰਨ ਅਤੇ ਲੋਕਾਂ ਦੀ ਆਮਦਨ ਵਧਾਉਣ ਵਿੱਚ ਇੱਕ ਫ਼ੈਸਲਾਕੁੰਨ ਭੂਮਿਕਾ ਨਿਭਾਈ ਏ।

ਵਿਸ਼ਵ ਸਿਹਤ ਸੰਗਠਨ (WHO) ਨੇ ਕੁੜੀਆਂ ਨੂੰ HPV ਵੈਕਸੀਨ ਦੀਆਂ ਇੱਕ ਕਰੋੜ ਤੋਂ ਵੱਧ ਖੁਰਾਕਾਂ ਦੇਣ 'ਤੇ ਭਾਰਤ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਵਿਸ਼ਵ ਸਿਹਤ ਸੰਗਠਨ (WHO) ਨੇ ਇਸ ਨੂੰ ਸਰਵਾਈਕਲ ਕੈਂਸਰ ਦੀ ਰੋਕਥਾਮ ਲਈ ਦੇਸ਼ ਵੱਲੋਂ ਕੀਤੇ ਜਾ ਰਹੇ ਯਤਨਾਂ ਵਿੱਚ ਇੱਕ ਅਹਿਮ ਪੜਾਅ ਦੱਸਿਆ ਏ। ਇਸ ਵਿੱਚ ਕਿਹਾ ਗਿਆ ਏ ਕਿ ਇਹ ਪ੍ਰਾਪਤੀ ਸਰਕਾਰ, ਸਿਹਤ ਕਰਮਚਾਰੀਆਂ, ਭਾਈਚਾਰਿਆਂ, ਮਾਪਿਆਂ ਅਤੇ ਭਾਈਵਾਲਾਂ ਦੀ ਉਸ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਏ, ਜਿਸਦਾ ਉਦੇਸ਼ ਕੁੜੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਉਣਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਹਰ ਕੁੜੀ ਨੂੰ HPV ਟੀਕਾਕਰਨ ਰਾਹੀਂ ਮਿਲਣ ਵਾਲੀ ਸੁਰੱਖਿਆ ਉਪਲਬਧ ਹੋਵੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ HPV ਵੈਕਸੀਨ ਦੀਆਂ ਇੱਕ ਕਰੋੜ ਖੁਰਾਕਾਂ ਦੇਣ ਦੇ ਯਤਨਾਂ ਲਈ ਸਾਰੇ ਹਿੱਸੇਦਾਰਾਂ ਦੀ ਸ਼ਲਾਘਾ ਕੀਤੀ ਏ। ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਦੀ ਇੱਕ ਸੋਸ਼ਲ ਮੀਡੀਆ ਪੋਸਟ ਨੂੰ ਸਾਂਝਾ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਇਹ ਰੋਕਥਾਮ-ਅਧਾਰਿਤ ਸਿਹਤ ਸੰਭਾਲ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਏ।

ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪਹਿਲਾ ਕ੍ਰਿਕੇਟ ਟੈਸਟ ਮੈਚ Draw ਰਿਹਾ। ਭਾਰਤ ਵੱਲੋਂ ਪਹਿਲੀ ਪਾਰੀ ਵਿੱਚ 9 ਵਿਕਟਾਂ ਦੇ ਨੁਕਸਾਨ 'ਤੇ ਬਣਾਈਆਂ ਗਈਆਂ 720 ਦੌੜਾਂ ਦੇ ਜਵਾਬ ਵਿੱਚ, ਨਿਊਜ਼ੀਲੈਂਡ ਨੇ ਆਪਣੀ ਦੂਜੀ ਪਾਰੀ ਵਿੱਚ, 5 ਵਿਕਟਾਂ ਦੇ ਨੁਕਸਾਨ 'ਤੇ 239 ਦੌੜਾਂ ਬਣਾਈਆਂ।

ਨਿਊਜ਼ੀਲੈਂਡ ਨੇ ਆਪਣੀ ਪਹਿਲੀ ਪਾਰੀ 'ਚ 368 ਦੌੜਾਂ ਬਣਾਈਆਂ ਸਨ। ਭਾਰਤ ਦਾ 720 ਦੌੜਾਂ ਦਾ ਸਕੋਰ, ਭਾਰਤ ਤੋਂ ਬਾਹਰ ਟੈਸਟ ਕ੍ਰਿਕਟ ਵਿੱਚ ਉਸਦਾ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਸਕੋਰ ਅਤੇ ਟੈਸਟ ਕ੍ਰਿਕਟ ਦੇ ਇਤਿਹਾਸ ਵਿੱਚ 18ਵਾਂ ਸਭ ਤੋਂ ਵੱਡਾ ਸਕੋਰ ਏ।

ਰੇਲਵੇ ਅਗਲੇ ਸਾਲ ਮਈ ਤੱਕ ਸੂਰਤ ਅਤੇ ਬਿਲੀਮੋਰਾ ਵਿਚਕਾਰ 50 ਕਿਲੋਮੀਟਰ ਲੰਬੇ ਰੇਲ ਰੂਟ 'ਤੇ ਬੁਲੇਟ ਟ੍ਰੇਨ ਦੀ ਪਰਖ ਸ਼ੁਰੂ ਕਰੇਗਾ। ਰੇਲ ਮੰਤਰਾਲੇ ਅਨੁਸਾਰ, ਇਸ ਸੈਕਸ਼ਨ 'ਤੇ ਦੇਸ਼ ਵਿੱਚ ਹੀ ਵਿਕਸਤ ਕੀਤੀ ਗਈ ਇੱਕ ਅਜਿਹੀ ਰੇਲ ਗੱਡੀ ਚਲਾਈ ਜਾਵੇਗੀ, ਜੋ 280 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਤੱਕ ਪਹੁੰਚਣ ਦੇ ਸਮਰੱਥ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਂਦਰ ਸ਼ਾਹ ਵਿਚਕਾਰ ਅੱਜ ਨਵੀਂ ਦਿੱਲੀ 'ਚ ਗੱਲਬਾਤ ਤੋਂ ਬਾਅਦ, ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ, ਅੱਠ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਿੱਖ ਰਵਾਇਤ, ਹਮੇਸ਼ਾ ਹੀ ਦੇਸ਼ ਅਤੇ ਇਸ ਦੇ ਸੱਭਿਆਚਾਰ ਲਈ, ਸਭ ਕੁਝ ਕੁਰਬਾਨ ਕਰ ਦੇਣ ਦੀ ਭਾਵਨਾ ਦੀ ਪ੍ਰਤੀਕ ਰਹੀ ਏ।

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਦੇਸ਼ ਵਿੱਚ 50 ਕਰੋੜ ਲੋਕਾਂ ਨੂੰ ਅੱਤ ਦੀ ਗਰੀਬੀ ਵਿੱਚੋਂ ਬਾਹਰ ਕੱਢਣ ਵਿੱਚ, ਖੇਤੀਬਾੜੀ ਖੇਤਰ ਨੇ ਅਹਿਮ ਭੂਮਿਕਾ ਨਿਭਾਈ ਏ।

- ਵਿਸ਼ਵ ਸਿਹਤ ਸੰਗਠਨ (WHO) ਨੇ ਕੁੜੀਆਂ ਨੂੰ HPV ਵੈਕਸੀਨ ਦੀਆਂ ਇੱਕ ਕਰੋੜ ਤੋਂ ਵੱਧ ਖੁਰਾਕਾਂ ਦੇਣ 'ਤੇ ਭਾਰਤ ਨੂੰ ਵਧਾਈ ਦਿੱਤੀ ਏ।

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪਹਿਲਾ ਕ੍ਰਿਕੇਟ ਟੈਸਟ ਮੈਚ Draw ਰਿਹਾ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!